# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-03-2025**

ਅੱਜ ਜਨ ਔਸ਼ਧੀ ਦਿਹਾੜਾ ਮਨਾਇਆ ਜਾ ਰਿਹਾ ਏ । ਇਹ ਦਿਨ ਇਸ ਯੋਜਨਾ ਬਾਰੇ ਜਾਗਰੂਕਤਾ ਵਧਾਉਣ ਅਤੇ ਜੈਨਰਿਕ ਦਵਾਈਆਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ । ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਯੋਜਨਾ ਦਾ ਉਦੇਸ਼ ਸਾਰਿਆਂ ਨੂੰ ਸਸਤੀਆਂ ਦਰਾਂ 'ਤੇ ਗੁਣਵੱਤਾ ਵਾਲੀਆਂ ਜੈਨਰਿਕ ਦਵਾਈਆਂ ਮੁਹੱਈਆ ਕਰਵਾਉਣਾ ਏ । ਰਸਾਇਣ ਅਤੇ ਖਾਦ ਮੰਤਰਾਲੇ ਨੇ ਇਸ ਪਹਿਲ ਦਾ ਸਮਰਥਨ ਕਰਨ ਲਈ ਦੇਸ਼ ਭਰ ਵਿਚ ਹਫ਼ਤਾ ਭਰ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਏ ।

---------------------------------------------------------------------------------

ਪੰਜਾਬ ਸਰਕਾਰ ਨੇ ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ 'ਪ੍ਰਾਜੈਕਟ ਹਿਫਾਜ਼ਤ' ਸ਼ੁਰੂ ਕੀਤਾ ਏ। ਕੱਲ੍ਹ ਮਨਾਏ ਜਾ ਰਹੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਕੀਤੀ ਜਾ ਰਹੀ ਇਸ

ਪਹਿਲ ਦਾ ਮਕਸਦ, ਹਿੰਸਾ ਪੀੜਤ ਔਰਤਾਂ ਅਤੇ ਬੱਚਿਆਂ ਦੀ ਪ੍ਰਤੀਕਿਰਿਆ ਦੇ ਪ੍ਰਬੰਧ ਨੂੰ ਮਜ਼ਬੂਤ ਕਰਨਾ ਏ। ਕੇਂਦਰ ਸਰਕਾਰ ਦੇ 2 ਮਿਸ਼ਨਾਂ, - 'ਮਿਸ਼ਨ ਸ਼ਕਤੀ' ਅਤੇ 'ਮਿਸ਼ਨ ਵਾਤਸਲਿਆ' ਅਧੀਨ 24x7 (ਚੌਵੀ ਘੰਟੇ, ਸੱਤੇ ਦਿਨ) ਇਸਤਰੀ ਤੇ ਬਾਲ ਹੈਲਪਲਾਈਨ ਇਸ 'ਪ੍ਰਾਜੈਕਟ ਹਿਫਾਜ਼ਤ' ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰਨਗੇ। ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ, ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪ੍ਰਾਜੈਕਟ ਦਾ ਮਕਸਦ ਉਸ ਡਰ ਨੂੰ ਖ਼ਤਮ ਕਰਨਾ ਏ ਜੋ ਕਿ ਔਰਤਾਂ ਨੂੰ ਘਰੇਲੂ ਹਿੰਸਾ, ਕੰਮ ਵਾਲੀ ਥਾਂ 'ਤੇ ਪਰੇਸ਼ਾਨੀ ਜਾਂ ਬੁਰੇ ਸਲੂਕ ਦੀ ਰਿਪੋਰਟ ਕਰਨ ਤੋਂ ਰੋਕਦਾ ਏ। ਮੰਤਰੀ ਨੇ ਕਿਹਾ ਕਿ ਔਰਤਾਂ ਕਿਸੇ ਵੀ ਐਮਰਜੈਂਸੀ ਸਥਿਤੀ ਵਿਚ ਹੈਲਪਲਾਈਨ ਨੰਬਰ 181 'ਤੇ ਕਾਲ ਕਰਨ। 'ਪ੍ਰਾਜੈਕਟ ਹਿਫਾਜ਼ਤ' ਨੂੰ ਪੁਲਿਸ ਸਮੇਤ ਵੱਖ-ਵੱਖ ਮਹਿਕਮਿਆਂ ਤੇ ਏਜੰਸੀਆਂ ਦਰਮਿਆਨ ਤਾਲਮੇਲ ਨੂੰ ਸੁਚਾਰੂ ਬਣਾਉਣ ਲਈ ਤਿਆਰ ਕੀਤਾ ਗਿਆ ਏ

---

ਪੰਜਾਬ ਦੇ ਜੇਲ੍ਹ ਵਿਭਾਗ ਨੇ ਹੁਸ਼ਿਆਰਪੁਰ ਕੇਂਦਰੀ ਜੇਲ੍ਹ ਦੇ ਸੁਪਰਡੈਂਟ ਬਲਜੀਤ ਸਿੰਘ ਘੁੰਮਣ ਨੂੰ ਮੁਅੱਤਲ ਕਰ ਦਿੱਤਾ ਏ। ਘੁੰਮਣ ‘ਤੇ ਜੇਲ੍ਹ ਵਿਚ ਡਰੱਗ ਰੈਕੇਟ ਚਲਾਉਣ ਤੇ ਹੋਰ ਗੈਰ-ਕਾਨੂੰਨੀ ਸਰਗਰਮੀਆਂ ਵਿਚ ਸ਼ਾਮਲ ਹੋਣ ਦਾ ਦੋਸ਼ ਏ। ਇਹ ਕਾਰਵਾਈ ਜੇਲ੍ਹ ਵਿਭਾਗ ਦੀ ਇੰਟੈਲੀਜੈਂਸ ਬ੍ਰਾਂਚ ਵੱਲੋਂ ਕੀਤੀ ਗਈ ਤਫ਼ਤੀਸ਼ ਪਿੱਛੋਂ ਕੀਤੀ ਗਈ ਏ। ਏ. ਡੀ. ਜੀ. ਪੀ. (ਜੇਲ੍ਹਾਂ) ਅਰੁਣਪਾਲ ਸਿੰਘ ਵੱਲੋਂ ਜਾਰੀ ਹੁਕਮਾਂ ਵਿਚ ਕਿਹਾ ਗਿਆ ਏ ਕਿ ਜੇਲ੍ਹ ਵਿਚ ਕੈਦੀਆਂ ਦਰਮਿਆਨ ਹੋਈ ਝੜਪ ਤੋਂ ਬਾਅਦ ਖ਼ੁਫ਼ੀਆ ਸ਼ਾਖਾ ਨੇ ਜਾਂਚ ਕੀਤੀ ਸੀ, ਜਿਸ ਵਿਚ ਸਾਹਮਣੇ ਆਇਆ ਸੀ ਕਿ ਜੇਲ੍ਹ ਵਿਚ ਡਰੱਗ ਰੈਕੇਟ ਚਲਾਇਆ ਜਾ ਰਿਹਾ ਏ। ਇਨ੍ਹਾਂ ਸਾਰੇ ਗੈਰ-ਕਾਨੂੰਨੀ ਮਾਮਲਿਆਂ ਵਿਚ ਸੁਪਰਡੈਂਟ ਬਲਜੀਤ ਸਿੰਘ ਘੁੰਮਣ ਦੀ ਸ਼ਮੂਲੀਅਤ ਪਾਈ ਗਈ ਸੀ

--------------------------------------------------

ਸਮੱਗਰ ਸਿੱਖਿਆ ਅਭਿਆਨ, ਪੰਜਾਬ ਵੱਲੋਂ ਗੁਰਦਾਸਪੁਰ ਦੇ ਰਾਮ ਸਿੰਘ ਦੱਤ ਹਾਲ ਵਿਚ ਖਾਸ ਜ਼ਰੂਰਤਾਂ ਵਾਲੇ ਬੱਚਿਆਂ ਦੇ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ, ਜਿਸ ਵਿਚ ਜ਼ਿਲ੍ਹਾ ਸਿੱਖਿਆ ਅਫ਼ਸਰ

ਐਲੀਮੈਂਟਰੀ ਪਰਮਜੀਤ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡਾ. ਅਨਿਲ ਸ਼ਰਮਾ ਪੁੱਜੇ ਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੀ ਹੌਂਸਲਾ ਅਫ਼ਜਾਈ ਕੀਤੀ। ਇਸ ਦੌਰਾਨ ਬੱਚਿਆਂ ਨੇ ਸ਼ਬਦ ਗਾਇਨ, ਲੋਕ ਗੀਤ , ਡਾਂਸ, ਪੇਂਟਿੰਗ ਆਦਿ ਮੁਕਾਬਲਿਆਂ ਵਿਚ ਹਿੱਸਾ ਲਿਆ।

-------------------------------------------------

ਗੈਂਗਸਟਰਾਂ ਅਤੇ ਬਦਮਾਸ਼ਾਂ ਖਿਲਾਫ ਮੁਹਿੰਮ ਦੇ ਹਿੱਸੇ ਵਜੋਂ, ਜਲੰਧਰ ਕਾਊਂਟਰ ਇੰਟੈਲੀਜੈਂਸ ਯੂਨਿਟ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਨਾਂ ਦੇ ਸੰਗਠਨ ਦੇ 3 ਦਹਿਸ਼ਤਗਰਦਾਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਨੇ ਦਹਿਸ਼ਤਗਰਦਾਂ ਕੋਲੋਂ ਹਥਿਆਰ ਵੀ ਬਰਾਮਦ ਕੀਤੇ ਨੇ। ਜਾਂਚ ਵਿਚ ਸਾਹਮਣੇ ਆਇਆ ਏ ਕਿ ਮੁਲਜ਼ਮਾਂ ਨੇ ਬੱਬਰ ਖਾਲਸਾ ਸੰਗਠਨ ਦੇ ਕਹਿਣ ’ਤੇ ਕਤਲ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਸੀ। ਪੁਲਿਸ ਨੇ ਦਹਿਸ਼ਤਗਰਦਾਂ ਦੇ ਕਬਜ਼ੇ ’ਚੋਂ 4 ਨਾਜਾਇਜ਼ ਹਥਿਆਰ ਤੇ 15 ਤੋਂ ਵੱਧ ਕਾਰਤੂਸ ਬਰਾਮਦ ਕੀਤੇ ਨੇ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਏ ਕਿ ਬੱਬਰ ਖਾਲਸਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਦੀ

ਹਮਾਇਤ ਵਾਲੇ ਦਹਿਸ਼ਤਗਰਦ ਮਾਡਿਊਲ ਵੱਲੋਂ ਪੰਜਾਬ ਵਿਚ ਸੰਭਾਵਤ ਕਤਲਾਂ ਦੀ ਇਕ ਹੋਰ ਵੱਡੀ ਯੋਜਨਾ ਨੂੰ ਨਾਕਾਮ ਬਣਾ ਦਿੱਤਾ ਗਿਆ ਏ। ਫੜੇ ਗਏ ਦਹਿਸ਼ਤਗਰਦਾਂ ਦੀ ਪਛਾਣ ਜਗਰੂਪ ਸਿੰਘ ਜੱਗਾ, ਸੁਖਜੀਤ ਸਿੰਘ ਸੁੱਖਾ ਅਤੇ ਨਵਪ੍ਰੀਤ ਸਿੰਘ ਨਵ ਵਜੋਂ ਹੋਈ ਏ।

---------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਸਾਈਬਰ ਅਪਰਾਧ ਦੇ ਪੀੜਤਾਂ ਦੀ ਮਦਦ ਕਰਨ ਦੇ ਉਦੇਸ਼ ਨਾਲ **ਕੋਪ-ਕਨੈਕਟ ਸਾਈਬਰ ਵੈੱਲਨੈੱਸ ਕਲੀਨਿਕ** ਦੀ ਸ਼ੁਰੂਆਤ ਕੀਤੀ ਗਈ ਏ । ਇੱਥੇ ਸਾਈਬਰ ਅਪਰਾਧ ਜਾਗਰੂਕਤਾ ਪ੍ਰੋਗਰਾਮ, ਪੀੜਤਾਂ ਲਈ ਵਿਆਪਕ ਸਹਾਇਤਾ ਪ੍ਰਣਾਲੀ ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਤਾਲਮੇਲ ਕੀਤਾ ਜਾਵੇਗਾ। ਇਸ ਕਲੀਨਿਕ ਦਾ ਉਦਘਾਟਨ ਪੰਜਾਬ ਪੁਲਿਸ ਵਿਚ ਸਾਈਬਰ ਅਪਰਾਧ ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਨੀਰਜਾ ਵੀ. ਅਤੇ ਦੇ ਵਾਈਸ ਚਾਂਸਲਰ, ਪ੍ਰੋ. ਰੇਨੂ ਵਿਗ ਨੇ ਕੀਤਾ। ADGP ਨੇ ਸਾਈਬਰ ਅਪਰਾਧ ਦੇ ਵਧ ਰਹੇ ਖ਼ਤਰੇ ਅਤੇ ਜਾਗਰੂਕਤਾ ਅਤੇ ਪੀੜਤ ਨੂੰ ਰਾਹਤ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰੋ.

ਰੇਨੂ ਵਿਗ ਨੇ ਅਕਾਦਮਿਕ, ਕਾਨੂੰਨ ਲਾਗੂ ਕਰਨ ਵਾਲੇ ਅਤੇ ਉਦਯੋਗ ਵਿਚਕਾਰ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੰਦਿਆਂ ਭਵਿੱਖ ਵਿਚ ਇਸ ਕਲੀਨਿਕ ਨੂੰ ਇੱਕ ਉੱਨਤ ਸਾਈਬਰ ਅਪਰਾਧ ਅਤੇ ਫੋਰੈਂਸਿਕ ਕੇਂਦਰ ਵਜੋਂ ਵਿਕਸਤ ਕਰਨ ਦੀ ਸੰਭਾਵਨਾ ਪ੍ਰਗਟ ਕੀਤੀ।